**ਪੰਜਾਬ ਸਕੂਲ ਸਿੱਖਿਆ ਬੋਰਡ**

**ਰੀਵੈਲੂਏਸ਼ਨ ਸਬੰਧੀ ਹਦਾਇਤਾਂ**

1. ਰੀਵੈਲੂਏਸ਼ਨ ਕੇਵਲ ਲਿਖਤੀ ਪੇਪਰਾਂ (Theory Papers) ਦੀ ਹੋਵੇਗੀ ਅਤੇ ਪ੍ਰਯੋਗੀ ਪੇਪਰਾਂ(Practical Papers) ਦੀ ਰੀਵੈਲੂਏਸ਼ਨ ਨਹੀਂ ਹੋਵੇਗੀ।

2. ਬੋਰਡ ਵੱਲੋਂ ਨਤੀਜਾ ਘੋਸ਼ਿਤ ਕੀਤੇ ਜਾਣ ਤੋਂ ਬਾਅਦ, ਰੀਵੈਲੂਏਸ਼ਨ/ਮੁੜ ਮੁਲਾਂਕਣ ਦੀ ਫੀਸ ਅਤੇ ਫਾਰਮ ਆਨਲਾਈਨ ਭਰਿਆ ਜਾਵੇ। ਪ੍ਰੀਖਿਆਰਥੀ ਆਨ-ਲਾਈਨ ਫਾਰਮ ਅਤੇ ਫੀਸ ਭਰਨ ਉਪਰੰਤ ਉਸ ਦਾ ਪ੍ਰਿੰਟ ਆਪਣੇ ਪਾਸ ਰੱਖੇਗਾ। ਜਾਰੀ ਕੀਤੇ ਸ਼ਡਿਊਲ ਵਿੱਚ ਦਰਜ ਮਿਤੀਆਂ ਤੋਂ ਬਾਅਦ ਕੋਈ ਵੀ ਫਾਰਮ ਸਵਿਕਾਰ ਨਹੀ ਕੀਤਾ ਜਾਵੇਗਾ।

3. ਨਿਰਧਾਰਿਤ ਕੀਤੀ ਰੀਵੈਲੂਏਸ਼ਨ ਦੀ ਫੀਸ ਤੋਂ ਬਿਨ੍ਹਾਂ ਅਧੂਰੇ ਫਾਰਮਾਂ ਤੇ ਕੋਈ ਕਾਰਵਾਈ ਨਹੀਂ ਕੀਤੀ ਜਾਵੇਗੀ ਭਾਵ ਅਜਿਹੇ ਫਾਰਮ ਬਿਨ੍ਹਾਂ ਕਿਸੇ ਅਗੇਤੀ ਸੂਚਨਾ ਤੋਂ ਰੱਦ ਕੀਤੇ ਜਾਣਗੇ। ਰੀਵੈਲੂਏਸ਼ਨ ਦੀ ਜਮ੍ਹਾਂ ਕਰਵਾਈ ਫੀਸ ਕਿਸੇ ਵੀ ਸੂਰਤ ਵਿੱਚ ਵਾਪਿਸ/ਐਡਜਸਟ (Refund/Adjust) ਨਹੀਂ ਹੋਵੇਗੀ।

| | |
|---|---|
| ਰੀਵੈਲੂਏਸ਼ਨ ਫੀਸ | 700/-ਰੁ: ਪ੍ਰਤੀ ਉੱਤਰ-ਪੱਤਰੀ |
| ਉੱਤਰ-ਪੱਤਰੀ ਵੇਖਣ/ਫੋਟੋਕਾਪੀ ਦਸਤੀ ਪ੍ਰਾਪਤ ਕਰਨ ਦੀ ਪ੍ਰੋਸੈਸਿੰਗ ਫੀਸ | 300/-ਰੁ: ਅਤੇ 2/-ਰੁ: ਪ੍ਰਤੀ ਪੰਨਾ(ਫੋਟੋ ਕਾਪੀ) |

4. ਮੁੜ ਮੁਲਾਂਕਣ ਕੀਤੀਆਂ ਉੱਤਰ-ਪੱਤਰੀਆਂ ਦੇ ਨਤੀਜੇ ਵਿੱਚ ਸੋਧ ਕੀਤੀ ਜਾਵੇਗੀ ਭਾਵ ਜੇ ਅੰਕ ਵੱਧ ਜਾਂਦੇ ਹਨ ਤਾਂ ਵੱਧ ਅੰਕਾਂ ਅਨੁਸਾਰ ਜੇ ਅੰਕ ਘੱਟ ਜਾਂਦੇ ਹਨ ਤਾਂ ਘੱਟ ਅੰਕਾਂ ਅਨੁਸਾਰ ਨਤੀਜਾ ਸੋਧਿਆ ਜਾਵੇਗਾ। ਰੀਵੈਲੂਏਸ਼ਨ(ਮੁੜ ਮੁਲਾਂਕਣ) ਉਪਰੰਤ ਘੋਸ਼ਿਤ ਨਤੀਜਾ, ਅੰਤਿਮ ਨਤੀਜਾ ਹੋਵੇਗਾ।

5. ਜੇਕਰ ਮੁੜ ਮੁਲਾਂਕਣ ਦੌਰਾਨ 10% ਤੋਂ ਵੱਧ ਅੰਕਾਂ ਦੀ ਤਬਦੀਲੀ ਹੁੰਦੀ ਹੈ ਤਾਂ ਕੇਸ ਤੀਜੇ ਪ੍ਰੀਖਿਅਕ ਕੋਲ ਭੇਜਿਆ ਜਾਵੇਗਾ ਅਤੇ ਦੂਸਰੇ ਅਤੇ ਤੀਸਰੇ ਪ੍ਰੀਖਿਅਕ ਵੱਲੋਂ ਦਿੱਤੇ ਗਏ ਅੰਕਾਂ ਦੀ ਔਸਤ ਅਨੁਸਾਰ ਨਤੀਜਾ ਜੋ ਵੀ ਬਣੇ, ਉਸੇ ਤਰ੍ਹਾਂ ਐਲਾਨ ਕਰ ਦਿੱਤਾ ਜਾਵੇ।

6. ਜੇਕਰ ਰੀਵੈਲੂਏਸ਼ਨ ਉਪਰੰਤ ਉੱਤਰ-ਪੱਤਰੀ ਦੀ ਫੋਟੋਕਾਪੀ ਲੈਣੀ ਹੈ ਤਾਂ ਵਾਧੂ ਹੋਰ ਸਮਾਂ ਨਹੀਂ ਦਿੱਤਾ ਜਾਵੇਗਾ ਅਤੇ ਪਹਿਲਾਂ ਦਿੱਤੇ ਨਿਰਧਾਰਿਤ ਮਿਤੀਆਂ/ਸ਼ਡਿਊਲ ਅਨੁਸਾਰ ਹੀ ਅਪਲਾਈ ਕਰਨਾ ਪਵੇਗਾ।

7. ਰੀਵੈਲੂਏਸ਼ਨ ਦੇ ਨਤੀਜੇ ਦੀ ਜਾਣਕਾਰੀ ਆਨਲਾਈਨ ਬੋਰਡ ਦੀ ਵੈਬਸਾਈਟ ਤੇ ਦਿੱਤੀ ਜਾਵੇਗੀ। ਜੇਕਰ ਸੋਧ ਹੁੰਦੀ ਹੈ ਤਾਂ ਇਸ ਸਬੰਧੀ ਅਗਲੇਰੀ ਕਾਰਵਾਈ ਬੋਰਡ ਦੀ ਪ੍ਰੀਖਿਆ ਸ਼ਾਖਾ ਵੱਲੋਂ ਕਰਵਾਈ ਜਾਵੇਗੀ ਅਤੇ ਪ੍ਰੀਖਿਆਰਥੀ ਨੂੰ ਸਬੰਧਤ ਪ੍ਰੀਖਿਆ ਸ਼ਾਖਾ ਨਾਲ ਸੰਪਰਕ ਕਰਦੇ ਹੋਏ ਆਪਣਾ ਪੁਰਾਣਾ ਨਤੀਜਾ ਕਾਰਡ/ਸਰਟੀਫਿਕੇਟ ਜਮ੍ਹਾਂ ਕਰਵਾ ਕੇ ਨਵਾਂ ਕਾਰਡ/ਸਰਟੀਫਿਕੇਟ ਪ੍ਰਾਪਤ ਕਰਨਾ ਪਵੇਗਾ। ਇਸ ਲਈ ਅਸਲ ਨਤੀਜਾ ਕਾਰਡ ਦੀ ਜਦੋਂ ਮੰਗ ਕੀਤੀ ਜਾਵੇ ਤਾਂ ਹੀ ਭੇਜਿਆ ਜਾਵੇ।

**ਦਸਵੀਂ ਅਤੇ ਬਾਰਵੀਂ:-**

**ਰੀਵੈਲੂਏਸ਼ਨ ਦਾ ਫਾਰਮ ਭਰਨ ਦੀ ਸ਼ੁਰੂਆਤੀ ਮਿਤੀ31.12.2020**

**ਰੀਵੈਲੂਏਸ਼ਨ ਦਾ ਫਾਰਮ ਭਰਨ ਦੀ ਆਖਰੀ ਮਿਤੀ:08.01.2021**

Scanned by CamScanner

**ਪੰਜਾਬ ਸਕੂਲ ਸਿੱਖਿਆ ਬੋਰਡ**

**Rechecking ਫਾਰਮ ਭਰਨ ਸਬੰਧੀ ਹਦਾਇਤਾਂ**

ਉੱਤਰ-ਪੱਤਰੀਆਂ ਦੀ ਰੀ-ਚੈਕਿੰਗ ਨਾਲ ਸਬੰਧਤ ਹਦਾਇਤਾਂ ਹੇਠ ਲਿਖੇ ਅਨੁਸਾਰ ਹਨ:-

1. ਬੋਰਡ ਵੱਲੋਂ ਨਤੀਜਾ ਐਲਾਨੇ ਜਾਣ ਤੋਂ ਬਾਅਦ ਰੀ-ਚੈਕਿੰਗ ਦੇ ਸ਼ਡਿਊਲ ਅਨੁਸਾਰ ਫਾਰਮ/ਫੀਸ ਆਨ-ਲਾਈਨ ਹੀ ਜਮ੍ਹਾਂ ਕਰਵਾਈ ਜਾਵੇ। ਇਸ ਉਪਰੰਤ ਰੀਚੈਕਿੰਗ ਫਾਰਮ/ਫੀਸ ਦਾ ਪ੍ਰਿੰਟ ਪ੍ਰੀਖਿਆਰਥੀ ਆਪਣੇ ਕੋਲ ਰੱਖ ਸਕਦੇ ਹਨ। ਦਫਤਰ ਵਿਖੇ ਜਮ੍ਹਾਂ ਕਰਵਾਉਣ ਦੀ ਜ਼ਰੂਰਤ ਨਹੀਂ ਹੈ।

2. ਨਿਰਧਾਰਿਤ ਕੀਤੀ ਰੀ-ਚੈਕਿੰਗ ਦੀ ਫੀਸ ਤੋਂ ਬਿਨ੍ਹਾਂ ਅਧੂਰੇ ਫਾਰਮਾਂ ਤੇ ਕੋਈ ਕਾਰਵਾਈ ਨਹੀਂ ਕੀਤੀ ਜਾਵੇਗੀ ਭਾਵ ਅਜਿਹੇ ਫਾਰਮ ਬਿਨ੍ਹਾਂ ਕਿਸੇ ਅਗੇਤੀ ਸੂਚਨਾ ਤੋਂ ਰੱਦ ਕੀਤੇ ਜਾਣਗੇ । ਰੀ-ਚੈਕਿੰਗ ਦੀ ਜਮ੍ਹਾਂ ਕਰਵਾਈ ਫੀਸ ਕਿਸੇ ਵੀ ਸੂਰਤ ਵਿੱਚ ਵਾਪਿਸ/ ਐਡਜਸਟ (Refund/Adjust) ਨਹੀਂ ਹੋਵੇਗੀ।

3. ਰੀ-ਚੈਕਿੰਗ ਦੀ ਫੀਸ 300/-ਰੁਪਏ ਪ੍ਰਤੀ ਉੱਤਰ-ਪੱਤਰੀ ਹੈ।

4. ਪਰੀਖਿਆਰਥੀ ਨੂੰ ਉੱਤਰ-ਪੱਤਰੀਆਂ ਵੇਖਣ/ਫੋਟੋ ਸਟੇਟ ਦੀ ਮੰਗ ਤੇ ਪ੍ਰੋਸੈਸਿੰਗ ਫੀਸ ਹੇਠ ਲਿਖੇ ਅਨੁਸਾਰ ਹੈ:-

| | |
|---|---|
| ਰੀ-ਚੈਕਿੰਗ ਫੀਸ | 300/-ਰੁਪਏ ਪ੍ਰਤੀ ਉੱਤਰ ਪੱਤਰੀ |
| ਉੱਤਰ-ਪੱਤਰੀ/ ਫੋਟੋ ਕਾਪੀ ਪ੍ਰਾਪਤ ਕਰਨ ਦੀ ਪ੍ਰੋਸੈਸਿੰਗ ਫੀਸ | 300/-ਰੁਪਏ |
| ਫੋਟੋ ਕਾਪੀ ਪ੍ਰਾਪਤ ਕਰਨ ਦੀ ਫੀਸ | 2/-ਰੁਪਏ ਪ੍ਰਤੀ ਪੇਜ |

5. ਰੀ-ਚੈਕਿੰਗ ਫੀਸ ਅਤੇ ਪ੍ਰੋਸੈਸਿੰਗ ਫੀਸ (ਦੋਨਾਂ ਦੀ ਫੀਸ) ਭਰਨ ਤੇ ਉੱਤਰ-ਪੱਤਰੀ ਕੇਵਲ ਪਰੀਖਿਆਰਥੀ ਨੂੰ ਹੀ ਵਿਖਾਈ ਜਾਵੇਗੀ। ਜੇਕਰ ਰੀਚੈਕਿੰਗ ਉਪਰੰਤ ਉੱਤਰ-ਪੱਤਰੀ ਦੀ ਫੋਟੋ ਕਾਪੀ ਲੈਣੀ ਹੈ ਤਾਂ ਵਾਧੂ ਹੋਰ ਸਮਾਂ ਨਹੀਂ ਦਿੱਤਾ ਜਾਵੇਗਾ ਅਤੇ ਪਹਿਲਾ ਦਿੱਤੇ ਨਿਰਧਾਰਿਤ ਮਿਤੀਆਂ/ਸ਼ਡਿਊਲ ਅਨੁਸਾਰ ਹੀ ਅਪਲਾਈ ਕਰਨਾ ਪਵੇਗਾ।

6. ਰੀ-ਚੈਕਿੰਗ ਦੇ ਨਤੀਜੇ ਦੀ ਜਾਣਕਾਰੀ ਆਨਲਾਈਨ ਬੋਰਡ ਦੀ ਵੈਬਸਾਈਟ ਤੇ ਦਿੱਤੀ ਜਾਵੇਗੀ। ਜੇਕਰ ਸੋਧ ਹੁੰਦੀ ਹੈ ਤਾਂ ਇਸ ਸਬੰਧੀ ਅਗਲੇਰੀ ਕਾਰਵਾਈ ਬੋਰਡ ਦੀ ਪਰੀਖਿਆ ਸ਼ਾਖਾ ਵੱਲੋਂ ਕਰਵਾਈ ਜਾਵੇਗੀ ਅਤੇ ਪਰੀਖਿਆਰਥੀ ਨੂੰ ਸਬੰਧਤ ਪਰੀਖਿਆ ਸ਼ਾਖਾ ਨਾਲ ਸੰਪਰਕ ਕਰਦੇ ਹੋਏ ਆਪਣਾ ਪੁਰਾਣਾ ਨਤੀਜਾ ਕਾਰਡ/ ਸਰਟੀਫਿਕੇਟ ਜਮ੍ਹਾਂ ਕਰਵਾ ਕੇ ਨਵਾਂ ਕਾਰਡ / ਸਰਟੀਫਿਕੇਟ ਪ੍ਰਾਪਤ ਕਰਨਾ ਪਵੇਗਾ। ਇਸ ਲਈ ਅਸਲ ਨਤੀਜਾ ਕਾਰਡ ਦੀ ਜਦੋਂ ਮੰਗ ਕੀਤੀ ਜਾਵੇ ਤਾਂ ਹੀ ਭੇਜਿਆ ਜਾਵੇ।

7. ਰੀਚੈਕਿੰਗ ਲਈ ਅਪਲਾਈ ਕਰਨ ਦੀ ਅੰਤਿਮ ਮਿਤੀ ਤੋਂ ਬਾਅਦ 30 ਦਿਨਾਂ ਦੇ ਅੰਦਰ-2 ਰੀਚੈਕਿੰਗ ਦਾ ਨਤੀਜਾ ਬੋਰਡ ਦੀ ਵੈੱਬ-ਸਾਈਟ ਤੇ ਦੇਖਿਆ ਜਾ ਸਕਦਾ ਹੈ।

**<u>ਦਸਵੀਂ ਅਤੇ ਬਾਰ੍ਹਵੀਂ</u>**

- ਰੀ-ਚੈਕਿੰਗ ਦਾ ਫਾਰਮ ਭਰਨ ਦੀ ਸ਼ੁਰੂਆਤੀ ਮਿਤੀ :31-12-2020
- ਰੀ-ਚੈਕਿੰਗ ਦਾ ਫਾਰਮ ਭਰਨ ਦੀ ਆਖਰੀ ਮਿਤੀ : 08-01-2021

Scanned by CamScanner

# ਪੰਜਾਬ ਸਕੂਲ ਸਿੱਖਿਆ ਬੋਰਡ

## (ਪ੍ਰੈਸ ਨੋਟ)

ਪੰਜਾਬ ਸਕੂਲ ਸਿੱਖਿਆ ਬੋਰਡ ਦੀ ਦਸਵੀਂ/ਬਾਰ੍ਹਵੀਂ ਸ੍ਰੇਣੀ ਅਕਤੂਬਰ-2020 ਦੀ ਪ੍ਰੀਖਿਆ ਦੀ ਰੀਚੈਕਿੰਗ/ਰੀਵੈਲੂਏਸਨ ਕਰਵਾਉਣ ਦੀ ਮਿਤੀ 17-12-2020 ਤੋਂ 31-12-2020 ਤੱਕ ਚੱਲ ਰਹੀ ਹੈ. ਹੁਣ ਕੇਵਲ ਇਸ ਪ੍ਰੀਖਿਆ ਦੇ Additional/DIC/ਗੋਲਡਨ ਚਾਂਸ ਦੇ ਪ੍ਰੀਖਿਆਰਥੀ ਮਿਤੀ 31-12-2020 ਤੋਂ 08-01-2021 ਤੱਕ ਰੀ-ਚੈਕਿੰਗ/ਰੀ-ਵੈਲੂਏਸਨ ਲਈ ਅਪਲਾਈ ਕਰ ਸਕਦੇ ਹਨ। ਪਰੀਖਿਆਰਥੀ ਆਨ ਲਾਈਨ ਫਾਰਮ/ਫੀਸ ਭਰਨ ਉਪਰੰਤ ਇਸ ਦਾ ਪ੍ਰਿੰਟ ਆਪਣੇ ਕੋਲ ਰੱਖਣ। ਹਾਰਡ ਕਾਪੀ ਦਫਤਰ ਵਿਖੇ ਜਮ੍ਹਾਂ ਕਰਵਾਉਣ ਦੀ ਜਰੂਰਤ ਨਹੀ ਹੈ। ਹੋਰ ਵਧੇਰੇ ਜਾਣਕਾਰੀ ਲਈ ਬੋਰਡ ਦੀ ਵੈਬ ਸਾਈਟ www.pseb.ac.in ਵੇਖੀ ਜਾ ਸਕਦੀ ਹੈ।

ਕੰਟਰੋਲਰ (ਪ੍ਰੀਖਿਆਵਾਂ) ਜੀ

Scanned by CamScanner